# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 29-08-2024**

ਅੱਜ ਰਾਸ਼ਟਰੀ ਖੇਡ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ਹਰ ਸਾਲ 29 ਅਗਸਤ ਨੂੰ ਮਹਾਨ ਹਾਕੀ ਖਿਡਾਰੀ ਮੇਜਰ ਧਿਆਨ ਚੰਦ ਦੇ ਜਨਮ ਦਿਨ 'ਤੇ ਮਨਾਇਆ ਜਾਂਦਾ ਏ। ਮੇਜਰ ਧਿਆਨਚੰਦ ਉਸ ਟੀਮ ਦਾ ਹਿੱਸਾ ਰਹੇ ਜਿਸ ਨੇ ਲਗਾਤਾਰ ਤਿੰਨ ਓਲੰਪਿਕ ਖੇਡਾਂ ਵਿੱਚ ਸੋਨ ਤਮਗਾ ਜਿੱਤਿਆ ਸੀ। ਇਸ ਦੇ ਨਾਲ ਹੀ, ਪੈਰਿਸ ਵਿੱਚ ਕੱਲ੍ਹ ਹੋਏ ਉਦਘਾਟਨੀ ਸਮਾਗਮ  ਨਾਲ ਪੈਰਾਲੰਪਿਕ ਖੇਡਾਂ ਦੀ ਸ਼ੁਰੂਆਤ ਹੋਈ। ਪੈਰਿਸ ਪੈਰਾਲੰਪਿਕ ਖੇਡਾਂ 8 ਸਤੰਬਰ ਤੱਕ ਜਾਰੀ ਰਹਿਣਗੀਆਂ। ਇਸ ਵਾਰ ਭਾਰਤੀ ਦਲ ਵਿੱਚ 84 ਐਥਲੀਟ ਨੇ ਅਤੇ ਇਹ ਭਾਰਤ ਦਾ ਹੁਣ ਤੱਕ ਦਾ, ਸਭ ਤੋਂ ਵੱਡਾ ਦਲ ਏ।

---

ਰਾਸ਼ਟਰੀ ਖੇਡ ਦਿਵਸ ਦੇ ਮੌਕੇ 'ਤੇ ਨੌਜਵਾਨ ਮਾਮਲੇ ਅਤੇ ਖੇਡ ਮੰਤਰੀ

ਡਾ: ਮਨਸੁਖ ਮੰਡਵੀਆ ਨੇ ਸਾਰੇ ਨਾਗਰਿਕਾਂ ਨੂੰ ਘੱਟੋ-ਘੱਟ ਇੱਕ ਘੰਟਾ ਖੇਡਾਂ ਨੂੰ ਸਮਰਪਿਤ ਕਰਨ ਦਾ ਸੱਦਾ ਦਿੱਤਾ ਏ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਸੁਪਨਾ, ਭਾਰਤ ਨੂੰ ਇੱਕ ਤੰਦਰੁਸਤ ਰਾਸ਼ਟਰ ਬਣਾਉਣਾ ਏ । ਡਾ: ਮਨਸੁਖ ਮੰਡਵੀਆਨੇ ਅੱਜ ਸਾਰੇ ਨਾਗਰਿਕਾਂ ਨੂੰ, ਦੇਸ਼ ਵਿਆਪੀ ਤਿਉਹਾਰ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ ।

-----------------------------------------------------

ਰਾਸ਼ਟਰੀ ਸੈਂਪਲ ਸਰਵੇਖਣ ਦਫ਼ਤਰ ਫੀਲਡ ਆਪ੍ਰੇਸ਼ਨਜ਼ ਡਿਵੀਜ਼ਨ ਜਲੰਧਰ ਨੇ ਰਾਸ਼ਟਰੀ ਖੇਡ ਦਿਵਸ ਮਨਾਇਆ । ਇਸ ਮੌਕੇ ਦਫ਼ਤਰ ਵੱਲੋਂ ਵੱਖ-ਵੱਖ ਖੇਡ ਸਮਾਗਮਾਂ ਦਾ ਆਯੋਜਨ ਕੀਤਾ ਗਿਆ ਅਤੇ ਸਟਾਫ਼ ਮੈਂਬਰਾਂ ਨੇ 'ਫਿਟ ਇੰਡੀਆ' ਦਾ ਅਹਿਦ ਵੀ ਲਿਆ । ਸੰਯੁਕਤ ਡਾਇਰੈਕਟਰ ਪੱਲਵੀ ਅਗਰਵਾਲ ਸ੍ਰੀਵਾਸਤਵ ਦੀ ਅਗਵਾਈ ਹੇਠ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਪੂਰੇ ਉਤਸ਼ਾਹ ਨਾਲ ਖੇਡ ਮੁਕਾਬਲਿਆਂ ਵਿੱਚ ਹਿੱਸਾ ਲਿਆ। ਇਸ ਦੌਰਾਨ ਬੈਡਮਿੰਟਨ, 100 ਮੀਟਰ ਦੌੜ, 100 ਮੀਟਰ ਵਾੱਕ ਦੌੜ, ਸਮੇਤ ਹੋਰ ਵੀ ਕਈ ਮੁਕਾਬਲੇ ਕਰਵਾਏ ਗਏ। ਸਹਾਇਕ ਡਾਇਰੈਕਟਰ ਅਰੁਣ ਕੁਮਾਰ, ਨੇ

ਦੱਸਿਆ ਕਿ ਹਰ ਸਾਲ 29 ਅਗਸਤ, ਪ੍ਰਸਿੱਧ ਹਾਕੀ ਖਿਡਾਰੀ ਮੇਜਰ ਧਿਆਨ ਚੰਦ ਦੇ ਜਨਮ ਦਿਨ ਦੀ ਯਾਦ ਵਿੱਚ ਮਨਾਇਆ ਜਾਂਦਾ ਏ। ਉਨ੍ਹਾਂ ਕਿਹਾ ਕਿ ਰਾਸ਼ਟਰੀ ਖੇਡ ਦਿਵਸ ਰਾਸ਼ਟਰੀ ਏਕਤਾ ਨੂੰ ਉਤਸ਼ਾਹਿਤ ਕਰਨ, ਇੱਕ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨ ਪੀੜ੍ਹੀ ਨੂੰ ਸਰੀਰਕ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਏ। ਜੇਤੂ ਰਹੇ ਮੁਲਾਜ਼ਮਾਂ ਨੂੰ ਸਰਟੀਫਿਕੇਟ ਵੰਡੇ ਗਏ।

-------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆਮ ਚੋਣਾਂ ਲਈ ਸਰਕਾਰ ਵੱਲੋਂ ਵੋਟਾਂ ਬਣਾਉਣ ਸਮੇਂ ਕੀਤੀ ਜਾ ਰਹੀ ਨਿਯਮਾਂ ਦੀ ਅਣਦੇਖੀ ਦਾ ਕਰੜਾ ਨੋਟਿਸ ਲੈਂਦਿਆਂ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਮੁੱਖ ਚੋਣ ਕਮਿਸ਼ਨਰ ਗੁਰਦੁਆਰਾ ਚੋਣਾਂ ਜਸਟਿਸ ਐੱਸ ਐੱਸ ਸਾਰੋਂ ਪਾਸੋਂ ਇਸ ਮਾਮਲੇ ਦੀ ਗਹਿਰੀ ਪੜਤਾਲ ਕਰਵਾਉਣ ਦੀ ਮੰਗ ਕੀਤੀ ਏ। ਇਕ ਬਿਆਨ ਵਿਚ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸਿੱਖ ਸੰਸਥਾ ਦੀਆਂ ਵੋਟਾਂ ਬਣਾਉਣ ਲਈ ਤੈਅ ਸ਼ਰਤਾਂ ਦਾ ਪਾਲਣ ਨਹੀਂ ਕਰ ਰਹੀ ਏ

। ਉਨ੍ਹਾਂ ਕਿਹਾ ਕਿ ਸੰਗਤ ਪਾਸੋਂ ਕਮੇਟੀ ਨੂੰ ਇਹ ਜਾਣਕਾਰੀ ਮਿਲ ਰਹੀ ਏ ਕਿ ਸਰਕਾਰੀ ਮੁਲਾਜ਼ਮ ਤਾਜ਼ਾ ਹੋਈਆਂ ਲੋਕ ਸਭਾ ਚੋਣਾਂ ਵਾਲੀ ਸੂਚੀ ਨੂੰ ਅਧਾਰ ਬਣਾ ਕੇ ਸਿੱਧੇ ਤੌਰ ’ਤੇ ਹੀ ਵੋਟਾਂ ਬਣਾ ਰਹੇ ਨੇ ਅਤੇ ਸਾਬਤ ਸੂਰਤ ਸਿੱਖ ਦੀ ਸ਼ਰਤ ਨੂੰ ਸ਼ਰੇਆਮ ਅਣਗੌਲਿਆਂ ਕੀਤਾ ਜਾ ਰਿਹਾ ਏ । ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਸ ਮਾਮਲੇ ਨੂੰ ਲੈ ਕੇ ਹਾਲ ਹੀ ਵਿੱਚ ਗੁਰਦੁਆਰਾ ਚੋਣ ਕਮਿਸ਼ਨਰ ਨੂੰ ਸ਼੍ਰੋਮਣੀ ਕਮੇਟੀ ਦੇ ਵਫ਼ਦ ਨੇ ਖੁਦ ਮਿਲ ਕੇ ਇਕ ਮੰਗ ਪੱਤਰ ਵੀ ਦਿੱਤਾ ਸੀ ਪਰ ਇਸ ’ਤੇ ਗੌਰ ਨਹੀਂ ਕੀਤਾ ਗਿਆ ਏ ।

----------------------------------------------------------------------

ਫਤਹਿਗੜ੍ਹ ਸਾਹਿਬ ਦੇ ਜ਼ਿਲ੍ਹਾ ਅਤੇ ਸ਼ੈਸਨ ਜੱਜ ਤੇ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅਰੁਣ ਗੁਪਤਾ ਦੇ ਨਿਰਦੇਸ਼ ਹੇਠ, ਮੁਖ ਨਿਆਂਇਕ ਮੈਜਿਸਟ੍ਰੇਟ ਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਦੀਪਤੀ ਗੋਇਲ ਨੇ, ਨਵੀਂ ਜ਼ਿਲ੍ਹਾ ਜੇਲ੍ਹ ਨਾਭਾ ਦਾ ਵਿਸ਼ੇਸ਼ ਤੌਰ ਤੇ ਦੌਰਾ ਕੀਤਾ । ਉਨ੍ਹਾਂ ਜੇਲ੍ਹ ਅਧਿਕਾਰੀਆਂ ਦੇ ਨਾਲ ਜੇਲ੍ਹ ਦਾ ਨਿਰੀਖਣ ਕੀਤਾ ਅਤੇ ਕੈਦੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ

ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਜੇਲ੍ਹ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕੈਦੀਆਂ ਨੂੰ ਰੋਜ਼ਾਨਾ ਆਉਣ ਵਾਲੀਆਂ ਮੁਸ਼ਕਿਲਾਂ ਦਾ ਪਹਿਲ ਦੇ ਆਧਾਰ ਤੇ ਹੱਲ ਕੀਤਾ ਜਾਵੇ। ਦੀਪਤੀ ਗੋਇਲ ਨੇ ਇਹ ਵੀ ਕਿਹਾ ਕਿ ਜੇਲ੍ਹ ਵਿੱਚ ਸਾਫ-ਸਫਾਈ ਦਾ ਵਿਸ਼ੇਸ਼ ਤੌਰ ਤੇ ਖਿਆਲ ਰੱਖਿਆ ਜਾਵੇ ਕਿਉਂਕਿ ਬਰਸਾਤ ਦੇ ਮੌਸਮ ਵਿੱਚ ਗੰਦਗੀ ਤੋਂ ਕਈ ਤਰ੍ਹਾਂ ਦੇ ਬੈਕਟੀਰੀਆ ਪੈਦਾ ਹੁੰਦੇ ਨੇ ਜਿਹੜੇ ਕਿ ਮਨੁੱਖੀ ਸਿਹਤ ਲਈ ਹਾਨੀਕਾਰਕ ਹੋ ਸਕਦੇ ਨੇ । ਉਨਾਂ ਕੈਦੀਆਂ ਲਈ ਬਣੇ ਪਖਾਨੇ, ਇਸ਼ਨਾਨ-ਘਰ, ਲੰਗਰ-ਘਰ ਅਤੇ ਪੀਣ ਵਾਲੇ ਪਾਣੀ ਦੇ ਸਰੋਤਾਂ ਦਾ ਦੌਰਾ ਕੀਤਾ ਅਤੇ ਬਣ ਰਹੇ ਖਾਣੇ ਦੀ ਗੁਣਵੱਤਾ ਦੀ ਵੀ ਜਾਂਚ ਕੀਤੀ। ਉਨ੍ਹਾਂ ਕੈਦੀਆਂ ਨੂੰ ਮੁਫਤ ਕਾਨੂੰਨੀ ਸਹਾਇਤਾ ਬਾਰੇ ਜਾਣੂ ਕਰਵਾਇਆ ਅਤੇ ਮੁਫਤ ਵਕੀਲ ਦੀਆਂ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ।

----------------------------------------------------

ਫਤਿਹਗੜ੍ਹ ਸਾਹਿਬ ਪੁਲਿਸ ਨੇ, ਅਫੀਮ ਦੀ ਤਸਕਰੀ ਕਰਨ ਵਾਲੇ ਅੰਤਰ-ਰਾਜੀ ਗਿਰੋਹ ਦੇ ਉੱਤਰ ਪ੍ਰਦੇਸ਼ ਨਾਲ ਸੰਬੰਧਿਤ ਇੱਕੋ ਪਿੰਡ ਦੇ ਰਹਿਣ ਵਾਲੇ ਦੋ ਸਕੇ ਭਰਾਵਾਂ ਸਮੇਤ ਤਿੰਨ ਮੈਂਬਰਾਂ ਨੂੰ ਗ੍ਰਿਫਤਾਰ ਕਰਕੇ

ਅੱਧਾ ਕਿਲੋ ਅਫੀਮ ਬਰਾਮਦ ਕੀਤੀ ਏ। ਮੋਟਰਸਾਈਕਲ ਤੇ ਕੋਰੀਅਰ ਰਾਹੀਂ ਡਿਲੀਵਰੀ ਕਰਨ ਜਾ ਰਹੇ ਇਹ ਤਸਕਰ ਮੰਡੀ ਗੋਬਿੰਦਗੜ੍ਹ ਵਿਖੇ ਇਕ ਨਾਕੇ ਤੇ ਕੀਤੀ ਜਾ ਰਹੀ ਚੈਕਿੰਗ ਦੌਰਾਨ, ਸੀ.ਆਈ.ਏ ਸਟਾਫ ਦੇ ਕਾਬੂ ਆਏ। ਫਤਿਹਗੜ੍ਹ ਸਾਹਿਬ ਦੇ ਐਸ.ਐਸ.ਪੀ ਡਾਕਟਰ ਨਵਜੋਤ ਗਰੇਵਾਲ ਨੇ ਦੱਸਿਆ ਕਿ ਮੁਲਜ਼ਮਾਂ ਦੀ ਪੁੱਛ ਗਿੱਛ ਕੀਤੀ ਜਾ ਰਹੀ ਏ ਤਾਂ ਜੋ ਪਤਾ ਕੀਤਾ ਜਾ ਸਕੇ ਕਿ ਇਹ ਕਿਹੜੇ ਕਿਹੜੇ ਸੂਬਿਆਂ ਤੇ ਜਿਲਿਆਂ ਵਿੱਚ ਨਸ਼ਾ ਸਪਲਾਈ ਕਰਦੇ ਸਨ।

---------------------------------------------------------------

ਪੰਜਾਬ ਵਿੱਚ ਮੀਂਹ ਨੂੰ ਲੈ ਕੇ ਅਲਰਟ ਜਾਰੀ ਕਰ ਦਿੱਤਾ ਗਿਆ ਏ। ਜਲੰਧਰ, ਮੋਹਾਲੀ, ਪਠਾਨਕੋਟ ਸਮੇਤ ਸੂਬੇ ਭਰ ਦੇ ਵੱਖ ਵੱਖ ਜ਼ਿਲਿਆਂ ਵਿੱਚ ਕੱਲ ਤੋਂ ਰੁਕ-ਰੁਕ ਕੇ ਮੀਂਹ ਪੈ ਰਿਹਾ ਏ। ਇਸ ਨਾਲ ਮੌਸਮ ਬੇਹੱਦ ਸੁਹਾਵਣਾ ਬਣਿਆ ਹੋਇਆ ਏ। ਆਮ ਲੋਕ ਤੇ ਖ਼ਾਸ ਕਰਕੇ ਕਿਸਾਨ ਵੀਰ ਇਸ ਹਫਤੇ ਪਏ ਮੀਹਂ ਕਾਰਨ ਕਾਫੀ ਖੁਸ਼ ਨੇ। ਹਾਲਾਂਕਿ ਕੰਮ ਕਾਰ ਲਈ ਆਉਣ-ਜਾਣ ਵਾਲਿਆਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਵੀ ਕਰਨਾ ਪੈ ਰਿਹਾ ਏ। ਜਲੰਧਰ ਸਮੇਤ ਕਈ ਥਾਈਂ ਰਾਤ ਤੋਂ

ਬਿਜਲੀ ਦੇ ਕਟ ਲੱਗਣ ਕਾਰਨ ਵੀ ਲੋਕਾਂ ਨੂੰ ਪ੍ਰੇਸ਼ਾਨੀ ਹੋਈ ਏ। ਪਿਛਲੇ ਇੱਕ ਹਫ਼ਤੇ ਵਿੱਚ ਸੂਬੇ ਵਿਚ ਚੰਗੀ ਬਾਰਿਸ਼ ਹੋਈ ਏ। ਮੌਸਮ ਵਿਭਾਗ ਅਨੁਸਾਰ ਤਾਪਮਾਨ ਵਿੱਚ ਗਿਰਾਵਟ ਦਰਜ ਕੀਤੀ ਗਈ, ਜਦਕਿ ਰੂਪਨਗਰ ਦਾ ਤਾਪਮਾਨ 35.8 ਡਿਗਰੀ ਦਰਜ ਕੀਤਾ ਗਿਆ ਏ। 5 ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਫਤਹਿਗੜ੍ਹ ਸਾਹਿਬ, ਰੂਪਨਗਰ ਅਤੇ ਐਸ.ਏ.ਐਸ. ਨਗਰ ਲਈ ਮੀਂਹ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਬੀਤੀ ਸ਼ਾਮ ਤੱਕ ਸ਼ਹੀਦ ਭਗਤ ਸਿੰਘ ਨਗਰ ਵਿੱਚ 12 ਮਿਲੀ-ਮੀਟਰ, ਰੋਪੜ ਵਿੱਚ 9, ਮੋਗਾ ਵਿੱਚ 3.5 ਅਤੇ ਅੰਮ੍ਰਿਤਸਰ ਵਿੱਚ 1.2 ਮਿਲੀ-ਮੀਟਰ ਮੀਂਹ ਦਰਜ ਕੀਤਾ ਗਿਆ।